28-Oct-BTD-Pages.qxd 10/28/2025 10:07 PM Page 1

ਪੁਲਿਸ ਨੇ 'ਪੀਲਾ ਪੰਜਾ' ਚਲਾ ਕੇ ਬਠਿੰਡਾ 'ਚ ਗੈਰ-ਕਾਨੂੰਨੀ ਢੰਗ ਨਾਲ ਬਣਾਇਆ 'ਘਰ' ਢਾਹਿਆ

ਬਠਿੰਡਾ, 28 ਅਕਤੂਬਰ (ਅੰਮ੍ਰਿਤਪਾਲ ਸਿੰਘ ਵਲ੍ਹਾਣ): ਸੂਬਾ ਸਰਕਾਰ ਵਲੋਂ ਚਲਾਈ 'ਯੁੱਧ ਨਸ਼ਿਆਂ ਵਿਰੁੱਧ' ਮੁਹਿੰਮ ਤਹਿਤ ਅੱਜ ਬਠਿੰਡਾ ਪੁਲਿਸ ਅਤੇ ਸਿਵਲ ਪ੍ਰਸ਼ਾਸਨ ਨੇ ਸਥਾਨਕ ਧੋਬੀਆਣਾ ਬਸਤੀ ਦੀ ਗਲੀ ਨੰ. 1 ਸਥਿਤ ਇਕ ਘਰ 'ਤੇ ਜੇ.ਸੀ.ਬੀ ਰੂਪੀ 'ਪੀਲਾ ਪੰਜਾ' ਚਲਾ ਕੇ ਸਾਰਾ ਘਰ ਢਹਿ-ਢੇਰੀ ਕਰ ਦਿੱਤਾ। ਪੁਲਿਸ ਦਾ ਕਹਿਣਾ ਕਿ ਇਹ ਘਰ ਗੈਰ-ਕਾਨੂੰਨੀ ਢੰਗ ਨਾਲ ਬਣਾਇਆ ਗਿਆ ਸੀ। ਹਾਲਾਂਕਿ ਮੌਕੇ 'ਤੇ ਪਰਿਵਾਰਕ ਮੈਂਬਰਾਂ ਨੇ ਪੁਲਿਸ ਕਾਰਵਾਈ 'ਤੇ ਇਤਰਾਜ਼ ਜਤਾਉਂਦਿਆਂ ਕਿਹਾ ਕਿ ਨਸ਼ਾ ਤਸਕਰੀ ਦੀ ਆੜ ਹੇਠ ਪੁਲਿਸ ਨੇ ਗੈਰ ਕਾਨੂੰਨੀ ਢੰਗ ਨਾਲ ਬਣਾਇਆ 'ਘਰ' ਆਖ ਕੇ ਸਿਰਫ਼ ਉਨ੍ਹਾਂ ਦੇ 'ਘਰ' 'ਤੇ ਬੁਲਡੋਜ਼ਰ ਚਲਾਇਆ ਜਦਕਿ ਇੱਥੇ ਵੱਡੀ ਗਿਣਤੀ ਵਿਚ ਇਸੇ ਤਰ੍ਹਾਂ 'ਘਰ' ਬਣੇ ਹੋਏ ਹਨ। ਹੋਰਾਂ 'ਤੇ ਕੋਈ ਕਾਰਵਾਈ ਨਹੀਂ। ਇਸ ਮੌਕੇ ਮਨਜੀਤ ਕੌਰ ਦੇ ਪਰਿਵਾਰ ਦੇ ਹੱਕ 'ਚ ਹਾਅ ਦਾ ਨਾਅਰਾ ਮਾਰਦੇ ਹੋਏ ਅਮਰਜੀਤ ਸਿੰਘ ਨੇ ਕਿਹਾ ਕਿ ਜੇ ਕੋਈ ਨਸ਼ਾ ਕਰਦਾ ਤਾਂ ਉਸ ਦਾ ਮਤਲਬ ਘਰ ਢਾਉਣਾ ਨਹੀਂ ਸੀ। ਨਸ਼ੇ ਵੱਡੀ ਗਿਣਤੀ ਲੋਕ ਕਰਦੇ ਹਨ, ਫਿਰ ਸਾਰਿਆਂ ਦੇ ਘਰ ਢਾਹੇ ਜਾਣਗੇ। ਅਸਲ ਵਿਚ ਗੈਰ ਕਾਨੂੰਨੀ ਹੋਣ ਕਰਕੇ ਇਨ੍ਹਾਂ ਦਾ ਘਰ ਢਾਹ ਰਹੇ ਹਨ, ਨਸ਼ੇ ਦਾ ਸਿਰਫ਼ ਬਹਾਨਾ ਹੈ। ਜੇ ਨਸ਼ੇ ਕਰਕੇ ਏਦਾਂ ਦੀ ਕਾਰਵਾਈ ਕਰਨੀ ਹੈ ਤਾਂ ਵੱਡੇ ਲੋਕਾਂ ਦੇ ਘਰ ਕਿਉਂ ਨਹੀਂ ਢਾਹੁੰਦੇ, ਉਹ ਤਾਂ ਜੇਲ੍ਹੀਂ ਹਨ। ਇਸ ਮੌਕੇ ਭਾਰੀ ਪੁਲਿਸ ਬਲ ਸਮੇਤ ਪਹੁੰਚੇ ਐੱਸ.ਪੀ. ਸਿਟੀ ਨਰਿੰਦਰ ਸਿੰਘ ਨੇ ਦੱਸਿਆ ਕਿ ਮਨਜੀਤ ਕੌਰ ਉਰਫ਼ ਹਰਬੰਸ ਕੌਰ ਉਰਫ਼ ਬੰਸੋ ਪਤਨੀ ਕਾਲਾ ਸਿੰਘ ਵਾਸੀ ਗਲੀ ਨੰਬਰ-1, ਠੇਕੇ ਵਾਲਾ ਚੌਂਕ, ਧੋਬੀਆਣਾ ਬਸਤੀ, ਬਠਿੰਡਾ ਪਿਛਲੇ ਲੰਬੇ ਸਮੇਂ ਤੋਂ ਇਸ ਜਗ੍ਹਾ 'ਤੇ ਰਹਿ ਰਹੀ ਸੀ ਅਤੇ ਉਸ ਨੇ ਸਰਕਾਰੀ ਜਗ੍ਹਾ 'ਤੇ ਕਬਜ਼ਾ ਕਰਕੇ ਗੈਰ ਕਾਨੂੰਨੀ ਢੰਗ ਨਾਲ ਇਮਾਰਤ ਬਣਾਈ ਹੋਈ ਸੀ। ਉਨ੍ਹਾਂ ਕਿਹਾ ਕਿ ਮਨਜੀਤ ਕੌਰ ਖ਼ਿਲਾਫ਼ ਨਸ਼ੇ ਸੰਬੰਧੀ ਇਕ ਮੁਕੱਦਮਾ ਦਰਜ ਹੈ ਅਤੇ ਉਸ ਦੇ ਖ਼ਿਲਾਫ਼ ਕਾਫ਼ੀ ਸ਼ਿਕਾਇਤਾਂ ਵੀ ਮਿਲ ਰਹੀਆਂ ਸਨ। ਇਸ ਸੰਬੰਧੀ ਸਮਰੱਥ ਅਥਾਰਿਟੀ ਡਿਪਟੀ ਕਮਿਸ਼ਨਰ ਕਮ ਮੈਜਿਸਟਰੇਟ ਵਲੋਂ ਘਰ ਢਾਉਣ ਮੌਕੇ ਪੁਲਿਸ ਸੁਰੱਖਿਆ ਪ੍ਰਬੰਧ ਕਰਨ ਲਈ ਹਦਾਇਤਾਂ ਪ੍ਰਾਪਤ ਹੋਈਆਂ ਸਨ। ਜਿਸ ਤੋਂ ਬਾਅਦ ਗੈਰ ਕਾਨੂੰਨੀ ਇਮਾਰਤ ਨੂੰ ਹਟਾਉਣ ਲਈ ਉਹ ਸਿਵਲ ਪ੍ਰਸ਼ਾਸਨ ਨਾਲ ਆਏ ਅਤੇ ਸਿਵਲ ਪ੍ਰਸ਼ਾਸਨ ਵਲੋਂ ਕਾਰਵਾਈ ਕਰਦਿਆਂ ਇਮਾਰਤ ਨੂੰ ਢਾਹ ਦਿੱਤਾ ਗਿਆ। ਇਸ ਮੌਕੇ ਸਿਵਲ ਪ੍ਰਸ਼ਾਸਨ ਦੇ ਅਧਿਕਾਰੀਆਂ ਨੇ ਦੱਸਿਆ ਕਿ ਮਨਜੀਤ ਕੌਰ ਨੂੰ ਇਮਾਰਤ ਖ਼ਾਲੀ ਕਰਨ ਸੰਬੰਧੀ ਕਈ ਵਾਰ ਨੋਟਿਸ ਵੀ ਦਿੱਤੇ ਗਏ ਸਨ, ਪ੍ਰੰਤੂ ਕਬਜ਼ਾਕਾਰੀਆਂ ਵਲੋਂ ਇਸ ਜਗ੍ਹਾ ਨੂੰ ਖ਼ਾਲੀ ਨਾ ਕਰਨ ਕਰਕੇ ਇੱਥੇ ਬੁਲਡੋਜ਼ਰ ਕਾਰਵਾਈ ਕੀਤੀ ਗਈ ਹੈ। ਐੱਸ.ਪੀ. ਸਿਟੀ ਨੇ ਦੱਸਿਆ ਕਿ ਬਠਿੰਡਾ ਪੁਲਿਸ ਵਲੋਂ 'ਯੁੱਧ ਨਸ਼ਿਆਂ ਵਿਰੁੱਧ' ਤਹਿਤ ਕਾਰਵਾਈ ਕਰਦੇ ਹੋਏ 01 ਮਾਰਚ 2025 ਤੋਂ ਹੁਣ ਤੱਕ 1311 ਮੁਕੱਦਮੇ ਦਰਜ ਕਰਕੇ 1973 ਦੋਸ਼ੀਆਂ ਨੂੰ ਗ੍ਰਿਫ਼ਤਾਰ ਕੀਤਾ ਗਿਆ ਹੈ, ਜਿਨ੍ਹਾਂ ਵਿਚ 68 ਵੱਡੇ ਮੱਛ ਵੀ ਸ਼ਾਮਿਲ ਹਨ, ਜੋ ਜੇਲ੍ਹ ਡੱਕੇ ਹੋਏ ਹਨ। ਇਸ ਦੇ ਨਾਲ ਹੀ ਸਾਲ 2023 ਤੋਂ ਹੁਣ ਤੱਕ ਨਸ਼ਾ ਤਸਕਰਾਂ ਦੀ 14 ਕਰੋੜ ਦੇ ਕਰੀਬ ਦੀ ਜ਼ਾਇਦਾਦ ਫਰੀਜ ਕਰਵਾਈ ਗਈ ਹੈ, ਜੋ ਨਸ਼ਾ ਤਸਕਰਾਂ ਨੇ ਆਪਣੀ ਕਾਲੀ ਕਮਾਈ ਨਾਲ ਬਣਾਈ ਹੋਈ ਸੀ।

ਬਠਿੰਡਾ ਦੀ ਧੋਬੀਆਣਾ ਬਸਤੀ ਵਿਚ ਗੈਰ-ਕਾਨੂੰਨੀ ਢੰਗ ਨਾਲ ਬਣਾਏ ਘਰ ਨੂੰ ਢਾਉਂਦੀ ਹੋਈ ਜੇਸੀਬੀ ਮਸ਼ੀਨ ਅਤੇ ਘਰ ਮਾਲਕਣ ਬਾਰੇ ਜਾਣਕਾਰੀ ਦਿੰਦੇ ਹੋਏ ਐੱਸ.ਪੀ. ਸਿਟੀ ਨਰਿੰਦਰ ਸਿੰਘ। ਤਸਵੀਰ : ਲਵਲੀ

ਮੰਡੀਆਂ ਦੇ ਦੌਰੇ ਦੌਰਾਨ ਖਰੀਦ ਪ੍ਰਬੰਧਾਂ ਦਾ ਜਾਇਜ਼ਾ ਲੈਂਦੇ ਹੋਏ ਵਿਧਾਇਕਾ ਪ੍ਰੋ: ਬਲਜਿੰਦਰ ਕੌਰ ਤੇ ਡਿਪਟੀ ਕਮਿਸ਼ਨਰ ਰਾਜੇਸ਼ ਧੀਮਾਨ। ਤਸਵੀਰ: ਰਾਹੀ

ਪ੍ਰੋ: ਬਲਜਿੰਦਰ ਕੌਰ ਅਤੇ ਡਿਪਟੀ ਕਮਿਸ਼ਨਰ ਰਾਜੇਸ਼ ਧੀਮਾਨ ਨੇ ਮੰਡੀਆਂ ਦਾ ਦੌਰਾ ਕਰ ਕੇ ਝੋਨੇ ਦੇ ਖਰੀਦ ਪ੍ਰਬੰਧਾਂ ਦਾ ਲਿਆ ਜਾਇਜ਼ਾ

ਤਲਵੰਡੀ ਸਾਬੋ, 28 ਅਕਤੂਬਰ (ਰਵਜੋਤ ਸਿੰਘ ਰਾਹੀ, ਰਣਜੀਤ ਸਿੰਘ ਰਾਜੂ)-ਚੀਫ਼ ਵਿਪ ਤੇ ਵਿਧਾਇਕਾ ਤਲਵੰਡੀ ਸਾਬੋ ਪ੍ਰੋ: ਬਲਜਿੰਦਰ ਕੌਰ ਅਤੇ ਡਿਪਟੀ ਕਮਿਸ਼ਨਰ ਰਾਜੇਸ਼ ਧੀਮਾਨ ਨੇ ਜ਼ਿਲ੍ਹੇ ਦੇ ਪਿੰਡ ਸੇਖ਼ਪੁਰਾ ਅਤੇ ਭਾਗੀਵਾਂਦਰ ਆਦਿ ਪਿੰਡਾਂ ਦੀਆਂ ਦਾਣਾ ਮੰਡੀਆਂ ਦਾ ਦੌਰਾ ਕਰਕੇ ਝੋਨੇ ਦੇ ਖਰੀਦ ਪ੍ਰਬੰਧਾਂ ਦਾ ਜਾਇਜ਼ਾ ਲਿਆ। ਇਸ ਮੌਕੇ ਉਨ੍ਹਾਂ ਕਿਸਾਨਾਂ ਨਾਲ ਗੱਲਬਾਤ ਕਰਦਿਆਂ ਕਿਹਾ ਕਿ ਉਨ੍ਹਾਂ ਨੂੰ ਮੰਡੀਆਂ ਵਿਚ ਕਿਸੇ ਵੀ ਤਰ੍ਹਾਂ ਦੀ ਕੋਈ ਸਮੱਸਿਆ ਦਰਪੇਸ਼ ਨਹੀਂ ਆਉਣ ਦਿੱਤੀ ਜਾਵੇਗੀ। ਵਿਧਾਇਕਾ ਪ੍ਰੋ. ਬਲਜਿੰਦਰ ਕੌਰ ਨੇ ਕਿਸਾਨਾਂ ਨੂੰ ਕਿਹਾ ਕਿ ਮੁੱਖ ਮੰਤਰੀ ਪੰਜਾਬ ਭਗਵੰਤ ਸਿੰਘ ਮਾਨ ਦੀ ਯੋਗ ਅਗਵਾਈ ਵਾਲੀ ਸੂਬਾ ਸਰਕਾਰ ਕਿਸਾਨਾਂ ਦੀ ਫ਼ਸਲ ਦਾ ਦਾਣਾ-ਦਾਣਾ ਖਰੀਦਣ ਲਈ ਵਚਨਬੱਧ ਤੇ ਯਤਨਸ਼ੀਲ ਹੈ। ਉਨ੍ਹਾਂ ਇਹ ਵੀ ਕਿਹਾ ਕਿ ਕਿਸਾਨਾਂ ਨੂੰ ਉਨ੍ਹਾਂ ਦੀ ਫਸਲ ਦੀ ਨਾਲੋਂ ਨਾਲ ਅਦਾਇਗੀ ਵੀ ਲਗਾਤਾਰ ਕੀਤੀ ਜਾ ਰਹੀ ਹੈ। ਡਿਪਟੀ ਕਮਿਸ਼ਨਰ ਰਾਜੇਸ਼ ਧੀਮਾਨ ਨੇ ਦੱਸਿਆ ਕਿ ਜ਼ਿਲ੍ਹੇ ਦੀਆਂ ਅਨਾਜ ਮੰਡੀਆਂ ਵਿਚ ਝੋਨੇ ਦੀ ਖ਼ਰੀਦ ਨਿਰਵਿਘਨ ਜਾਰੀ ਹੈ। ਉਨ੍ਹਾਂ ਸਬੰਧਿਤ ਅਧਿਕਾਰੀਆਂ ਨੂੰ ਸਖ਼ਤ ਹਦਾਇਤ ਕੀਤੀ ਕਿ ਕਿਸਾਨਾਂ ਨੂੰ ਝੋਨੇ ਦੀ ਖ਼ਰੀਦ ਸਬੰਧੀ ਕਿਸੇ ਵੀ ਤਰ੍ਹਾਂ ਦੀ ਕੋਈ ਸਮੱਸਿਆ ਨਾ ਆਉਣ ਦਿੱਤੀ ਜਾਵੇ। ਇਸ ਮੌਕੇ ਡਿਪਟੀ ਕਮਿਸ਼ਨਰ ਰਾਜੇਸ਼ ਧੀਮਾਨ ਨੇ ਸਮੂਹ ਕਿਸਾਨਾਂ ਨੂੰ ਅਪੀਲ ਕਰਦਿਆਂ ਕਿਹਾ ਕਿ ਉਹ ਝੋਨੇ ਦੀ ਪਰਾਲੀ ਅਤੇ ਹੋਰ ਰਹਿੰਦ-ਖੂੰਹਦ ਨੂੰ ਅੱਗ ਨਾ ਲਗਾਉਣ ਅਤੇ ਜੇਕਰ ਕੋਈ ਉਨ੍ਹਾਂ ਦੇ ਆਸ ਪਾਸ ਵੀ ਕਿਸਾਨ ਅੱਗ ਲਗਾਉਂਦਾ ਹੈ ਤਾਂ ਉਸ ਨੂੰ ਵੀ ਰੋਕ ਕੇ ਜ਼ਿਲ੍ਹਾ ਪ੍ਰਸ਼ਾਸ਼ਨ ਦਾ ਸਾਥ ਦੇਣ ਲਈ ਪ੍ਰੇਰਿਤ ਕਰਨ। ਉਨ੍ਹਾਂ ਕਿਸਾਨਾਂ ਨੂੰ ਸੁੱਕਾ ਝੋਨਾ ਹੀ ਮੰਡੀਆਂ ਵਿੱਚ ਲਿਆਉਣ ਦੀ ਅਪੀਲ ਕੀਤੀ ਤਾਂ ਜੋ ਉਨ੍ਹਾਂ ਨੂੰ ਫ਼ਸਲ ਵੇਚਣ ਵਿਚ ਕੋਈ ਪਰੇਸ਼ਾਨੀ ਨਾ ਆਵੇ। ਇਸ ਮੌਕੇ ਸਬੰਧਤ ਵਿਭਾਗਾਂ ਦੇ ਅਧਿਕਾਰੀ ਵੀ ਮੌਜੂਦ ਸਨ।

ਚਿੱਟਾ ਬਰਾਮਦ, 4 ਗ੍ਰਿਫ਼ਤਾਰ

ਮਾਨਸਾ, 28 ਅਕਤੂਬਰ (ਵਿ.ਪ੍ਰਤੀ)- ਥਾਣਾ ਭੀਖੀ ਪੁਲਿਸ ਨੇ ਜਸਕਰਨ ਸਿੰਘ ਵਾਸੀ ਭੀਖੀ ਤੋਂ 10 ਗ੍ਰਾਮ ਚਿੱਟਾ, ਸਦਰ ਮਾਨਸਾ ਪੁਲਿਸ ਨੇ ਸਿੰਦਰ ਸਿੰਘ ਲੱਖੂ ਵਾਸੀ ਭੈਣੀ ਚੂਹੜ (ਬਠਿੰਡਾ) ਤੋਂ 6.40 ਗ੍ਰਾਮ ਅਤੇ ਗੁਲਜਾਰ ਸਿੰਘ ਗਾਰੀ ਤੇ ਜਗਤਾਰ ਸਿੰਘ ਬੂਰਾ ਵਾਸੀ ਦੂਲੋਵਾਲ ਤੋਂ 5 ਗ੍ਰਾਮ ਚਿੱਟਾ ਬਰਾਮਦ ਕੀਤਾ। ਚਾਰਾਂ ਖ਼ਿਲਾਫ਼ ਐਨ.ਡੀ.ਪੀ.ਐਸ. ਐਕਟ ਤਹਿਤ ਮੁਕੱਦਮੇ ਦਰਜ ਕਰਕੇ ਗ੍ਰਿਫ਼ਤਾਰ ਕੀਤਾ ਗਿਆ ਹੈ।

'ਅਜੀਤ' ਉਪ ਦਫ਼ਤਰ ਦਾ ਪਤਾ ਤੇ ਸੰਪਰਕ ਨੰਬਰ

ਅਜੀਤ/ਅਜੀਤ ਸਮਾਚਾਰ ਹੜ੍ਹ ਰਾਹਤ ਫੰਡ ਵਿਚ ਯੋਗਦਾਨ ਪਾਉਣ ਲਈ ਅਜੀਤ ਪ੍ਰਕਾਸ਼ਨ ਸਮੂਹ ਦੇ ਹੇਠ ਲਿਖੇ ਉਪ-ਦਫ਼ਤਰ ਵਿਚ ਯੋਗਦਾਨ ਰਾਸ਼ੀ ਜਮ੍ਹਾ ਕਰਵਾ ਕੇ ਰਸੀਦ ਪ੍ਰਾਪਤ ਕੀਤੀ ਜਾਵੇ।

ਬਠਿੰਡਾ

ਸ. ਅੰਮ੍ਰਿਤਪਾਲ ਸਿੰਘ ਵਲ੍ਹਾਣ 99881-68072
ਦੁਕਾਨ ਨੰ: 72, ਸੁਭਾਸ਼ ਮਾਰਕੀਟ 0164-2251886
ਮਾਲ ਰੋਡ 5003663

College of Nursing
Adesh Institute of Medical Sciences & Research, Bathinda
NH-7, Barnala Road, Bathinda | Mob 90808-57337
conursing@adeshuniversity.ac.in | www.adeshuniversity.ac.in

NOTICE

Semi Online Counselling for leftover seats for GNM course (Session 2025-26) for College of Nursing, Adesh Institute of Medical Sciences and Research, Bathinda will be conducted at institute level as per following schedule.
Only those candidates, who have completed application in all respects on Counselling admission portal 2025-26 of PNRC and not holding any seat in any institute, shall be allowed to appear in this round. After preparation of merit list no candidate shall be allowed to participate.

Description	Date
Semi online counseling and joining of candidates for GNM course (Session 2025-26) for College of Nursing, Adesh Institute of Medical Sciences and Research, Bathinda	29/10/2025 to 31/10/2025

PNRC Helpline for Counselling
+91 62836-18852 (Mon-Fri, 9 am-5 pm) | admissionspnrc@gmail.com

Principal, College of Nursing,
Adesh Institute of Medical Sciences and Research, Bathinda

ਗੋਰੀ ਸੰਧੂ ਖੁਰਦ ਵਲੋਂ ਤਿਆਰ ਕੀਤੀ ਗਈ 'ਮਾਲਵਾ ਸਰਪੰਚ ਡਾਇਰੈਕਟਰੀ' ਨੂੰ ਲੋਕ ਅਰਪਣ ਕਰਦੇ ਹੋਏ ਪੰਚਾਇਤ ਮੰਤਰੀ ਤਰੁਣਪ੍ਰੀਤ ਸਿੰਘ ਸੌਂਧ। ਅਜੀਤ ਤਸਵੀਰ

ਪੰਚਾਇਤ ਮੰਤਰੀ ਤਰੁਨਪ੍ਰੀਤ ਸਿੰਘ ਸੌਂਦ ਵਲੋਂ 'ਮਾਲਵਾ ਸਰਪੰਚ ਡਾਇਰੈਕਟਰੀ' ਲੋਕ ਅਰਪਣ

ਬਠਿੰਡਾ ਦੇ ਗੋਰਾ ਸੰਧੂ ਖੁਰਦ ਵਲੋਂ ਤਿਆਰ ਕੀਤੀ ਗਈ ਹੈ ਡਾਇਰੈਕਟਰੀ

ਭਾਈਰੂਪਾ, 28 ਅਕਤੂਬਰ (ਵਰਿੰਦਰ ਲੱਕੀ)-ਬਠਿੰਡਾ ਜ਼ਿਲ੍ਹੇ ਦੇ ਪਿੰਡ ਸੰਧੂ ਖੁਰਦ ਨਾਲ ਸਬੰਧਿਤ ਗੋਰਾ ਸੰਧੂ ਖੁਰਦ ਵਲੋਂ ਸਰਪੰਚਾਂ ਨਾਲ ਸਬੰਧਿਤ 'ਮਾਲਵਾ ਸਰਪੰਚ ਡਾਇਰੈਕਟਰੀ' ਇਕ ਵਾਰ ਫਿਰ ਤਿਆਰ ਕੀਤੀ ਗਈ ਹੈ, ਜਿਸ ਨੂੰ ਪੰਜਾਬ ਦੇ ਪੇਂਡੂ ਵਿਕਾਸ ਅਤੇ ਪੰਚਾਇਤ ਮੰਤਰੀ ਤਰੁਨਪ੍ਰੀਤ ਸਿੰਘ ਸੌਂਦ ਵਲੋਂ ਲੋਕ ਅਰਪਣ ਕੀਤਾ ਗਿਆ। ਡਾਇਰੈਕਟਰੀ ਦੇ ਸੰਪਾਦਕ ਗੋਰਾ ਸੰਧੂ ਖੁਰਦ ਦੀ ਜਾਣਕਾਰੀ ਅਨੁਸਾਰ ਇਸ ਰੰਗਦਾਰ ਡਾਇਰੈਕਟਰੀ ਵਿਚ ਮਾਲਵੇ ਦੇ ਅੱਠ ਜ਼ਿਲ੍ਹਿਆਂ ਦੇ ਪਿੰਡਾਂ ਦੇ ਸਰਪੰਚਾਂ ਦੇ ਸੰਪਰਕ ਨੰਬਰ, ਸਬੰਧਿਤ ਪੁਲਿਸ ਸਟੇਸ਼ਨ, ਵਿਧਾਨ ਸਭਾ ਹਲਕਾ, ਬਲਾਕ ਆਦਿ ਦੀ ਸਾਰੀ ਜਾਣਕਾਰੀ ਸਰਪੰਚ ਦੀ ਤਸਵੀਰ ਸਮੇਤ ਦਿੱਤੀ ਗਈ ਹੈ। ਇਸ ਤੋਂ ਇਲਾਵਾ ਪੰਜਾਬ ਦੇ ਹਰ ਵਿਧਾਨ ਸਭਾ ਮੈਂਬਰ, ਲੋਕ ਸਭਾ ਮੈਂਬਰ, ਰਾਜ ਸਭਾ ਮੈਂਬਰ, ਪੰਜਾਬ ਪੁਲਿਸ ਦੇ ਸੰਪਰਕ ਨੰਬਰ ਵੀ ਸ਼ਾਮਲ ਹਨ। ਡਾਇਰੈਕਟਰੀ ਜਾਰੀ ਕਰਨ ਉਪਰੰਤ ਕੈਬਨਿਟ ਮੰਤਰੀ ਤਰੁਨਪ੍ਰੀਤ ਸਿੰਘ ਸੌਂਦ ਨੇ ਇਸ ਉਪਰਾਲੇ ਨੂੰ ਇਕ ਸ਼ਲਾਘਾਯੋਗ ਕਦਮ ਦੱਸਦਿਆਂ ਗੋਰਾ ਸੰਧੂ ਖੁਰਦ ਨੂੰ ਇਸ ਕਾਰਜ ਲਈ ਵਧਾਈ ਦਿੱਤੀ ਤੇ ਕਿਹਾ ਕਿ ਇਹ ਡਾਇਰੈਕਟਰੀ ਰਾਹੀਂ ਜਿੱਥੇ ਸਰਪੰਚਾਂ ਦਾ ਆਪਸੀ ਤਾਲਮੇਲ ਵਿਚ ਵਾਧਾ ਹੋਵੇਗਾ, ਉੱਥੇ ਸਮਾਜਿਕ ਮਸਲਿਆਂ ਦੇ ਨਿਵਾਰਣ ਲਈ ਵੀ ਇਹ ਸਹਾਈ ਸਿੱਧ ਹੋਵੇਗੀ। ਵਰਣਨਯੋਗ ਹੈ ਕਿ ਗੋਰਾ ਸੰਧੂ ਖੁਰਦ ਨੇ ਇਸ ਤੋਂ ਪਹਿਲਾਂ ਮਾਲਵਾ ਸਰਪੰਚ ਡਾਇਰੈਕਟਰੀ 2019, ਮਾਲਵਾ ਕੌਂਸਲਰ ਡਾਇਰੈਕਟਰੀ 2021 ਵੀ ਬਣਾਈ ਸੀ, ਜੋ ਲੋਕਾਂ ਲਈ ਕਾਫ਼ੀ ਲਾਹੇਵੰਦ ਸਾਬਿਤ ਹੋਈ ਸੀ। ਨਵੀਂ ਸਰਪੰਚ ਡਾਇਰੈਕਟਰੀ ਬਣਾਉਣ ਦੇ ਨਾਲ-ਨਾਲ ਉਹ ਮੌਜੂਦਾ ਸਮੇਂ 'ਚ 'ਹਾਣੀ ਮੈਗਜ਼ੀਨ' ਦਾ ਸੰਪਾਦਨ ਵੀ ਕਰ ਰਹੇ ਹਨ, ਜਿਸ ਨੂੰ ਲੋਕਾਂ ਵਲੋਂ ਖੂਬ ਪਸੰਦ ਕੀਤਾ ਜਾ ਰਿਹਾ ਹੈ। ਇਸ ਮੌਕੇ ਜਗਤਾਰ ਸਿੰਘ ਚੇਅਰਮੈਨ ਮਾਰਕੀਟ ਕਮੇਟੀ ਖੰਨਾ, ਸਤਵਿੰਦਰ ਸਿੰਘ ਬੀ. ਡੀ. ਪੀ. ਓ., ਬਾਬੂ ਅਭੇ ਕੁਮਾਰ ਗਰਗ, ਕਰਨ ਅਰੋੜਾ ਓ. ਐਸ. ਡੀ., ਮਨਜੀਤ ਸਿੰਘ ਨਾਗਰਾ ਓ. ਐਸ. ਡੀ., ਜਸਪ੍ਰੀਤ ਸਿੰਘ ਪੀ. ਏ., ਬਲਵਿੰਦਰ ਸਿੰਘ ਧਾਲੀਵਾਲ ਅਤੇ ਕਰਨੈਲ ਸਿੰਘ ਗਿੱਲ ਆਦਿ ਹਾਜ਼ਰ ਸਨ।

ਗੋਨਿਆਨਾ ਮੰਡੀ ਦੇ ਸਰਕਾਰੀ ਸਕੂਲ ਵਿਖੇ ਵੱਖ-ਵੱਖ ਵਿਸ਼ਿਆਂ ਸਬੰਧਤ ਮੇਲਾ ਕਰਵਾਇਆ

ਗੋਨਿਆਨਾਂ, 28 ਅਕਤੂਬਰ (ਗਰਗ)-ਸਥਾਨਕ ਪੀ ਐਮ ਸ੍ਰੀ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ (ਲੜਕੇ) ਗੋਨਿਆਨਾ ਮੰਡੀ, ਵਿਖੇ ਦੋ ਰੋਜ਼ਾ ਵੱਖ-ਵੱਖ ਵਿਸ਼ਿਆਂ ਸਬੰਧੀ ਮੇਲੇ ਕਰਵਾਇਆ ਗਿਆ। ਇਸ ਮੇਲੇ ਵਿਚ ਛੇਵੀਂ ਤੋਂ ਬਾਰਵੀਂ ਤੱਕ ਦੇ ਵਿਦਿਆਰਥੀਆਂ ਨੇ ਭਾਗ ਲਿਆ। ਵਿਦਿਆਰਥੀਆਂ ਨੇ ਵੱਖ-ਵੱਖ ਵਿਸ਼ਿਆਂ ਦੇ ਅਧਿਆਪਕਾਂ ਦੀ ਅਗਵਾਈ ਵਿਚ ਖੂਬਸੂਰਤ ਮਾਡਲ ਅਤੇ ਚਾਰਟ ਬਣਾਕੇ ਇਸ ਮੇਲੇ ਵਿਚ ਚਾਰ ਚੰਨ ਲਾਏ। ਬੱਚਿਆਂ ਨੇ ਅਲੱਗ ਅਲੱਗ ਵਿਸ਼ੇ ਜਿਵੇਂ ਕਿ ਮੈਥ, ਸਾਇੰਸ, ਸਮਾਜਿਕ ਸਿੱਖਿਆ, ਇੰਗਲਿਸ਼, ਕਮਰਸ, ਆਰਟਸ ਅਤੇ ਵੋਕੇਸ਼ਨਲ ਵਿਸ਼ਿਆਂ ਨਾਲ ਸਬੰਧਿਤ ਮਾਡਲ ਅਤੇ ਚਾਰਟ ਤਿਆਰ ਕੀਤੇ, ਜਿਨ੍ਹਾਂ ਦੀ ਪ੍ਰਦਰਸ਼ਨੀ ਦੋ ਦਿਨ ਲਗਾਤਾਰ ਲਗਾਈ ਗਈ। ਮੇਲੇ ਬਾਰੇ ਜਾਣਕਾਰੀ ਦਿੰਦੇ ਹੋਏ ਨਰਿੰਦਰ ਕੁਮਾਰ ਸਕੂਲ ਇੰਚਾਰਜ ਨੇ ਦੱਸਿਆ ਕਿ ਬੱਚਿਆਂ ਨੇ ਬੜੀ ਮਿਹਨਤ ਨਾਲ ਇਸ ਮੇਲੇ ਦੀ ਤਿਆਰੀ ਕੀਤੀ ਅਤੇ ਵੱਖ-ਵੱਖ ਵਿਸ਼ਿਆਂ ਨਾਲ ਸਬੰਧਿਤ ਮਾਡਲ ਆਦਿ ਬਣਾਕੇ ਰੋਚਕ ਤਰੀਕੇ ਨਾਲ ਵਿੱਦਿਆ ਹਾਸਿਲ ਕਰਨ ਦੇ ਤਰੀਕਿਆਂ ਨੂੰ ਅੰਜਾਮ ਦਿੱਤਾ। ਇਸ ਮੇਲੇ ਵਿਚ ਜਿੱਥੇ ਸਮੂਹ ਸਟਾਫ਼ ਮੈਂਬਰ ਹਾਜ਼ਰ ਸਨ ਉਥੇ ਵਿਦਿਆਰਥੀਆਂ ਦੇ ਮਾਪਿਆਂ ਅਤੇ ਐਸ. ਐਮ. ਸੀ. ਮੈਂਬਰਾਂ ਨੇ ਵੀ ਸ਼ਿਰਕਤ ਕੀਤੀ ਅਤੇ ਬੱਚਿਆਂ ਦੀ ਮਿਹਨਤ ਅਤੇ ਲਗਨ ਨੂੰ ਦੇਖ ਕੇ ਉਨ੍ਹਾਂ ਨੂੰ ਸ਼ਾਬਾਸ਼ ਦਿੱਤੀ।

ਅੰਤਰ ਜ਼ਿਲ੍ਹਾ ਸਕੂਲ ਖੇਡਾਂ ਦੌਰਾਨ ਹਾਕੀ ਖਿਡਾਰਨਾਂ ਨਾਲ ਮੁੱਖ ਮਹਿਮਾਨ ਤੇ ਖੇਡ ਪ੍ਰਬੰਧਕ। ਅਜੀਤ ਤਸਵੀਰ

ਅੰਤਰ ਜ਼ਿਲ੍ਹਾ ਸਕੂਲ ਖੇਡਾਂ ਤਹਿਤ ਅੰਡਰ-14 ਸਾਲ ਲੜਕੀਆਂ ਦੇ ਹਾਕੀ ਮੁਕਾਬਲਿਆਂ ਦਾ ਆਗਾਜ਼

ਬਠਿੰਡਾ, 28 ਅਕਤੂਬਰ (ਅੰਮ੍ਰਿਤਪਾਲ ਸਿੰਘ ਵਲ੍ਹਾਣ)-ਸਿੱਖਿਆ ਵਿਭਾਗ ਦੀਆਂ 69ਵੀਆਂ ਅੰਤਰ ਜਿਲ੍ਹਾ ਸਕੂਲ ਖੇਡਾਂ ਤਹਿਤ ਅੰਡਰ-14 ਸਾਲ ਲੜਕੀਆਂ ਦੇ ਹਾਕੀ ਮੁਕਾਬਲਿਆਂ ਦਾ ਆਗਾਜ਼ ਅੱਜ ਬਠਿੰਡਾ ਦੇ ਆਸਟ੍ਰੋਟਰਫ਼ ਹਾਕੀ ਸਟੇਡੀਅਮ ਵਿਖੇ ਹ